ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਬਰਨਾਲਾ
ਡਿਪਟੀ ਕਮਿਸ਼ਨਰ ਵੱਲੋਂ ਸੈਕਟਰਾਂ ਅਫਸਰਾਂ ਨੂੰ ਅਨਾਜ ਮੰਡੀਆਂ ’ਤੇ ਬਾਜ਼ ਅੱਖ ਰੱਖਣ ਦੇ ਨਿਰਦੇਸ਼
*ਜ਼ਿਲ੍ਹੇ ਵਿਚ ਤਾਇਨਾਤ ਸੈਕਟਰ ਅਫਸਰ ਨਿਰਧਾਰਿਤ ਪ੍ਰਫਾਰਮੇ ’ਚ ਮੁਹੱਈਆ ਕਰਾਉਣਗੇ ਪ੍ਰਬੰਧਾਂ ਦੀ ਰਿਪੋਰਟ
* ਡਿਪਟੀ ਕਮਿਸ਼ਨਰ ਵੱਲੋਂ ਖਰੀਦ ਕੇਂਦਰਾਂ ’ਚ ਪ੍ਰਬੰਧਾਂ ਦੀ ਨੇੜਿਓਂ ਨਜ਼ਰਸਾਨੀ
ਬਰਨਾਲਾ, 21 ਅਪਰੈਲ
ਜ਼ਿਲ੍ਹਾ ਬਰਨਾਲਾ ਦੀਆਂ ਮੰਡੀਆਂ ਵਿਚ ਪ੍ਰਬੰਧਾਂ ਦੀ ਨਜ਼ਰਸਾਨੀ ਲਈ ਡਿਪਟੀ ਕਮਿਸ਼ਨਰ ਬਰਨਾਲਾ ਸ੍ਰੀ ਤੇਜ ਪ੍ਰਤਾਪ ਸਿੰਘ ਫੂਲਕਾ ਵੱਲੋਂ ਸੈਕਟਰ ਅਫਸਰਾਂ ਨੂੰ ਮੰਡੀਆਂ ’ਤੇ ਨੇੜਿਓਂ ਨਜ਼ਰ ਰੱਖਣ ਦੇ ਨਿਰਦੇਸ਼ ਗਏ ਦਿੱਤੇ ਹਨ।

ਜਾਣਕਾਰੀ ਅਨੁਸਾਰ ਜ਼ਿਲ੍ਹਾ ਬਰਨਾਲਾ ਵਿਚ ਕਰੀਬ 35 ਸੈਕਟਰ ਅਫਸਰ ਤਾਇਨਾਤ ਹਨ, ਜੋ ਕੋਵਿਡ 19 ਤੋਂ ਬਚਾਅ ਦੇ ਉਪਰਾਲਿਆਂ ਤਹਿਤ ਬਾਹਰੋਂ ਆਉਣ-ਜਾਣ ਵਾਲਿਆਂ ਅਤੇ ਇਕਾਂਤਵਾਸ ਕੀਤੇ ਵਿਅਕਤੀਆਂ ’ਤੇ ਆਪਣੇ ਆਪਣੇ ਖੇਤਰ ਅਨੁਸਾਰ ਨਜ਼ਰ ਰੱਖ ਰਹੇ ਹਨ ਤੇ ਹੁਣ ਇਹ ਸੈਕਟਰ ਅਫਸਰ ਡਿਪਟੀ ਕਮਿਸ਼ਨਰ ਦੇ ਨਿਰਦੇਸ਼ਾਂ ਅਨੁਸਾਰ ਮੰਡੀਆਂ ਦੇ ਪ੍ਰਬੰਧਾਂ ਉਤੇ ਬਾਜ਼ ਅੱਖ ਰੱਖਣ ’ਚ ਵੀ ਜੁਟ ਗਏ ਹਨ। ਡਿਪਟੀ ਕਮਿਸ਼ਨਰ ਸ੍ਰੀ ਫੂਲਕਾ ਨੇ ਦੱਸਿਆ ਕਿ ਕਿਸਾਨਾਂ ਤੇ ਮਜ਼ਦੂਰਾਂ ਨੂੰ ਮੰਡੀਆਂ ਵਿਚ ਕੋਈ ਮੁਸ਼ਕਲ ਨਾ ਆਵੇ ਅਤੇ ਮੰਡੀਆਂ ਵਿਚ ਪ੍ਰਬੰਧਾਂ ਦੀ ਅਸਲ ਰਿਪੋਰਟ ਪ੍ਰਾਪਤ ਕਰਨ ਲਈ ਸੈਕਟਰ ਅਫਸਰ ਮੰਡੀਆਂ ਵਿਚ ਡਟ ਗਏ ਹਨ। ਇਨ੍ਹਾਂ ਸੈਕਟਰ ਅਫਸਰਾਂ ਨੂੰ ਮੰਡੀਆਂ ਤੋਂ ਇਲਾਵਾ 107 ਸ਼ੈਲਰਾਂ ਦੀ ਸੂਚੀ ਮੁਹੱਈਆ ਕਰਾਈ ਗਈ ਹੈ ਤਾਂ ਜੋ ਸੈਕਟਰ ਅਫਸਰ ਆਪੋ ਆਪਣੇ ਖੇਤਰ ਅਧੀਨ ਆਉਂਦੀਆਂ ਮੰਡੀਆਂ ਵਿਚ ਰੋਜ਼ਾਨਾ ਪੱਧਰ ’ਤੇ ਗੇੜਾ ਮਾਰ ਕੇ ਅਸਲ ਰਿਪੋਰਟ ਉਨ੍ਹਾਂ ਨੂੰ ਪੇਸ਼ ਕਰ ਸਕਣ। ਉਨ੍ਹਾਂ ਦੱਸਿਆ ਕਿ ਸਾਰੇ ਸੈਕਟਰ ਅਫਸਰਾਂ ਨੂੰ ਪ੍ਰਫਾਰਮੇ ਮੁਹੱਈਆ ਕਰਾਏ ਗਏ ਹਨ, ਜਿਸ ਵਿਚ ਮੰਡੀਆਂ ਵਿਚ ਆਰਜ਼ੀ ਪਖਾਨਿਆਂ ਦੇ ਪ੍ਰਬੰਧਾਂ, ਪੀਣ ਵਾਲੇ ਪਾਣੀ ਦੇ ਪ੍ਰਬੰਧਾਂ, ਬਿਜਲੀ ਦੇ ਪ੍ਰਬੰਧਾਂ, ਗਰਿੱਡ ਲਾਈਨਾਂ ਬਣੇ ਹੋਣ, ਆੜ੍ਹਤੀਆਂ ਵੱਲੋਂ ਲੇਬਰ ਦੇ ਇੰਤਜ਼ਾਮ, ਆੜ੍ਹਤੀਆਂ ਵੱਲੋਂ ਕਣਕ ਦੀ ਸਫਾਈ ਲਈ ਮਸ਼ੀਨਾਂ ਦੇ ਇੰਤਜ਼ਾਮ, ਪਾਸ ਜਾਰੀ ਕਰਨ ਬਾਰੇ, ਠੇਕੇਦਾਰ ਕੋਲ ਲੇਬਰ ਦੇ ਇੰਤਜ਼ਾਮ ਤੇ ਮਾਸਕ ਅਤੇ ਸੈਨੇਟਾਈਜ਼ਰ ਦੇ ਪ੍ਰਬੰਧਾਂ ਦੀ ਘੋਖ ਕਰ ਕੇ ਰਿਪੋਰਟ ਭੇਜਣ ਦੇ ਨਿਰਦੇਸ਼ ਦਿੱਤੇ ਗਏ ਹਨ ਤਾਂ ਜੋ ਮੰਡੀਆਂ ਵਿਚ ਕਿਸੇ ਵੀ ਤਰ੍ਹਾਂ ਦੀ ਦਿੱਕਤ ਨੂੰ ਹੱਲ ਕਰਵਾਇਆ ਜਾ ਸਕੇ।

ਡਿਪਟੀ ਕਮਿਸ਼ਨਰ ਦੇ ਆਦੇਸ਼ਾਂ ’ਤੇ ਜ਼ਿਲ੍ਹੇ ਦੇ ਦਿਹਾਤੀ ਖੇਤਰਾਂ ਵਿਚ ਅਨਾਜ ਮੰਡੀਆਂ, ਖਰੀਦ ਕੇਂਦਰਾਂ ਤੇ ਸ਼ੈਲਰਾਂ ਵਿਚ 44 ਜੀਓਜੀ (ਖੁਸ਼ਹਾਲੀ ਦੇ ਰਾਖੇ) ਕਣਕ ਦੇ ਖਰੀਦ ਪ੍ਰਬੰਧਾਂ ਦੀ ਰਾਖੀ ਕਰ ਰਹੇ ਹਨ ਅਤੇ ਰੋਜ਼ਾਨਾ ਪੱਧਰ ’ਤੇ ਪਿੰਡਾਂ ਵਿਚ ਸਥਿਤੀ ਬਾਰੇ ਰਿਪੋਰਟ ਕਰ ਰਹੇ ਹਨ। ਜੀਓਜੀ ਸਮਾਜਿਕ ਦੂਰੀ ਦੇ ਸੁਨੇਹੇ ਤੋਂ ਲੈ ਕੇ ਕਣਕ ਦੀ ਖਰੀਦ, ਭਰਾਈ, ਲਿਫਟਿੰਗ, ਮੰਡੀਆਂ ’ਚ ਸਿਹਤ ਜਾਂਚ, ਤੋਲ ਚੈਕਿੰਗ ਤੱਕ ’ਤੇ ਨੇੜਿਓ ਨਜ਼ਰ ਰੱਖ ਰਹੇ ਹਨ।

ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਬਰਨਾਲਾ
ਸਿਹਤ ਸੰਸਥਾਵਾਂ ਵਿੱਚ ਸਮਾਜਿਕ ਦੂਰੀ ਦਾ ਰੱਖਿਆ ਜਾ ਰਿਹੈ ਵਿਸ਼ੇਸ਼ ਧਿਆਨ: ਸਿਵਲ ਸਰਜਨ
* ਆਪਣੀ ਜ਼ਿੰਮੇਵਾਰੀ ਸਮਝਦੇ ਹੋਏ ਵਿਭਾਗ ਵੱਲੋਂ ਲਗਾਏ ਗੋਲ ਚੱਕਰਾਂ ਵਿਚ ਹੀ ਖੜ੍ਹਨ ਮਰੀਜ਼

ਬਰਨਾਲਾ, **21** ਅਪਰੈਲ
ਕਰੋਨਾ ਵਾਇਰਸ ਨੂੰ ਲੈ ਕੇ ਸਿਹਤ ਵਿਭਾਗ ਵੱਲੋਂ ਤਨਦੇਹੀ ਤੇ ਜ਼ਿੰਮੇਵਾਰੀ ਨਾਲ ਹਰ ਜ਼ਰੂਰੀ ਕਦਮ ਚੁੱਕਿਆ ਜਾ ਰਿਹਾ ਹੈ। ਡਾ. ਗੁਰਿੰਦਰਬੀਰ ਸਿੰਘ ਸਿਵਲ ਸਰਜਨ ਬਰਨਾਲਾ ਨੇ ਕਿਹਾ ਕਿ ਬਚਾਅ ਦੀ ਇਸ ਮੁਹਿੰਮ ਵਿੱਚ ਹਰ ਇਕ ਨਾਗਰਕਿ ਨੂੰ ਆਪਣੇ ਜ਼ਿੰਮੇਵਾਰੀ ਸਮਝਣੀ ਚਾਹੀਦੀ ਹੈ।
ਉਨ੍ਹਾਂ ਦੱਸਿਆ ਕਿ ਜ਼ਿਲੇ ਦੀਆਂ ਸਾਰੀਆਂ ਸਿਹਤ ਸੰਸਥਾਵਾਂ ਵਿੱਚ ਮਰੀਜ਼ਾਂ ਦੀ ਓ.ਪੀ.ਡੀ. ਦੌਰਾਨ ਸਮਾਜਿਕ ਦੂਰੀ ਬਣਾ ਕੇ ਰੱਖੇ ਜਾਣ ਲਈ ਵਿਸ਼ੇਸ਼ ਧਿਆਨ ਦਿੱਤਾ ਜਾਂਦਾ ਹੈ। ਵੱਖ ਵੱਖ ਸੰਸਥਾਵਾਂ ਵਿਚ ਲੋੜੀਂਦੀ ਦੂਰੀ ’ਤੇ ਗੋਲ ਚੱਕਰ ਬਣਵਾਏ ਗਏ ਹਨ ਤਾਂ ਜੋ ਮਰੀਜ਼ ਦੂਰੀ ’ਤੇ ਹੀ ਖੜ੍ਹਨ। ਇਸ ਤੋਂ ਇਲਾਵਾ ਜ਼ਿਲ੍ਹਾ ਮਾਸ ਮੀਡੀਆ ਵਿੰਗ ਵੱਲੋਂ ਵਿਸ਼ੇਸ਼ ਰੂਪ ਵਿੱਚ ਸਮਾਜਿਕ ਦੂਰੀ ਬਣਾਈ ਰੱਖਣ ਲਈ ਸਮੇਂ ਸਮੇਂ ’ਤੇ ਲੋਕਾਂ ਨੂੰ ਜਾਗਰੂਕ ਕੀਤਾ ਜਾਂਦਾ ਹੈ ਕਿ ਹਸਪਤਾਲਾਂ ਵਿੱਚ ਇਕੱਠ ਨਾ ਕੀਤਾ ਜਾਵੇ ਤੇ ਓ.ਪੀ.ਡੀ. ਦੌਰਾਨ ਕਤਾਰ ਵਿੱਚ ਖੜੇ ਰਹਿਣ ਦੌਰਾਨ ਹਰੇਕ ਵਿਅਕਤੀ ਤੋਂ **2** ਮੀਟਰ ਦੀ ਦੂਰੀ ਬਣਾ ਕੇ ਰੱਖੋ, ਖਾਂਸੀ ਕਰਦੇ ਜਾਂ ਛਿੱਕਣ ਵੇਲੇ ਨੱਕ ਅਤੇ ਮੂੰਹ ਨੂੰ ਢੱਕ ਕੇ , ਕਿਸੇ ਵੀ ਵਿਅਕਤੀ ਨੂੰ ਗਲੇ ਨਾ ਮਿਲੋ ਅਤੇ ਹੱਥ ਨਾ ਮਿਲਾਓ ਅਤੇ ਦੂਜੇ ਵਿਅਕਤੀਆਂ ਦੁਆਰਾ ਵਰਤੀਆਂ ਗਈਆਂ ਆਮ ਵਰਤੋ ਵਾਲੀਆਂ ਚੀਜਾਂ ਛੂਹਣ ਤੋਂ ਪਰਹੇਜ ਕਰੋ। ਜੇਕਰ ਛੂਹ ਵੀ ਲਿਆ ਤਾਂ ਬਾਅਦ ਵਿੱਚ ਸਾਬਣ ਤੇ ਪਾਣੀ ਨਾਲ ਚੰਗੀ ਤਰ੍ਹਾਂ ਹੱਥ ਧੋ ਲਏ ਜਾਣੇ ਚਾਹੀਦੇ ਹਨ।
ਉਨ੍ਹਾਂ ਕਿਹਾ ਕਿ ਜੇਕਰ ਕਿਸੇ ਨੇ ਵਧੇਰੇ ਜਾਣਕਾਰੀ ਲੈਣੀ ਹੈ ਤਾਂ ਪੰਜਾਬ ਸਰਕਾਰ ਵੱਲੋਂ ਨੈਸ਼ਨਲ ਕਾਲ ਸੈਂਟਰ ਅਧੀਨ **011 2397 8046** ਅਤੇ ਜ਼ਿਲ੍ਹਾ ਕੰਟਰੋਲ ਅਧੀਨ **01679-234777, 98721-95649, 76528-95649,99153-05649** ਨੰਬਰ ਜਾਰੀ ਕੀਤਾ ਗਿਆ ਹੈ ।

ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਬਰਨਾਲਾ
ਜ਼ਿਲ੍ਹਾ ਬਰਨਾਲਾ ਦੇ ਦਿਹਾਤੀ ਖੇਤਰਾਂ ਵਿਚ ਕੋਵਿਡ 19 ਵਿਰੁੱਧ ਉਪਰਾਲੇ ਜਾਰੀ
* ਲੋੜਵੰਦਾਂ ਨੂੰ ਰਾਸ਼ਨ ਪਹੁੰਚਾਉਣ ਦੇ ਨਾਲ ਨਾਲ ਸਮਾਜਿਕ ਦੂਰੀ ਬਾਰੇ ਕੀਤਾ ਜਾ ਰਿਹੈ ਜਾਗਰੂਕ
* ਅਜੀਵਿਕਾ ਮਿਸ਼ਨ ਦੇ ਮੁਲਾਜ਼ਮ ਘਰ ਘਰ ਕਰ ਰਹੇ ਹਨ ਪਹੁੰਚ
*ਪੇਂਡੂ ਡਿਸਪੈਂਸਰੀਆਂ ’ਚ ਕੀਤਾ ਗਿਆ ਦਵਾਈਆਂ ਦਾ ਢੁਕਵਾਂ ਪ੍ਰਬੰਧ

ਬਰਨਾਲਾ, 21 ਅਪਰੈਲ
ਕਰੋਨਾ ਵਾਇਰਸ ਤੋਂ ਬਚਾਅ ਦੇ ਮੱਦੇਨਜ਼ਰ ਜ਼ਿਲ੍ਹਾ ਬਰਨਾਲਾ ਵਿਚ ਡਿਪਟੀ ਕਮਿਸ਼ਨਰ ਸ੍ਰੀ ਤੇਜ ਪ੍ਰਤਾਪ ਸਿੰਘ ਫੂਲਕਾ ਦੀ ਅਗਵਾਈ ਵਿੱਚ ਪੇਂਡੂ ਵਿਕਾਸ ਅਤੇ ਪੰਚਾਇਤ ਵਿਭਾਗ ਤੇ ਪੰਜਾਬ ਰਾਜ ਦਿਹਾਤੀ ਅਜੀਵਿਕਾ ਮਿਸ਼ਨ ਤਹਿਤ ਕਰਮਚਾਰੀਆਂ ਵੱਲੋਂ ਦਿਹਾਤੀ ਖੇਤਰਾਂ ਵਿਚ ਵੱਖ ਵੱਖ ਗਤੀਵਿਧੀਆਂ ਜਾਰੀ ਹਨ।
ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਸ੍ਰੀ ਅਰੁਣ ਜਿੰਦਲ ਨੇ ਦੱਸਿਆ ਕਿ ਡਿਪਟੀ ਕਮਿਸ਼ਨਰ ਦੇ ਆਦੇਸ਼ਾਂ ’ਤੇ ਆਜੀਵਿਕਾ ਯੋਜਨਾ ਤਹਿਤ ਕੰਮ ਕਰ ਰਹੇ ਕਰਮਚਾਰੀ ਪਿੰਡ ਪਿੰਡ ਜਾ ਕੇ ਉਥੋਂ ਦੇ ਵਸਨੀਕਾਂ ਨੂੰ ਕਰੋਨਾ ਵਾਇਰਸ ਤੋਂ ਬਚਾਅ ਲਈ ਜਾਗਰੂਕ ਕਰ ਰਹੇ ਹਨ। ਇਸ ਦੌਰਾਨ ਪਿੰਡਾਂ ਦੇ ਲੋਕਾਂ ਨੂੰ ਜਿੱਥੇ ਸਮਾਜਿਕ ਦੂਰੀ ਬਾਰੇ ਦੱਸਿਆ ਜਾ ਰਿਹਾ ਹੈ, ਉਥੇ ਮਾਸਕ ਪਾਉਣ ਬਾਰੇ ਵੀ ਜਾਗਰੂਕ ਕੀਤਾ ਜਾ ਰਿਹਾ ਹੈ। ਇਸੇ ਮਿਸ਼ਨ ਤਹਿਤ ਜ਼ਿਲ੍ਹੇ ਦੇ ਸੈਲਫ ਹੈਲਪ ਗਰੁੱਪਾਂ ਨੇ ਮਾਸਕ ਅਤੇ ਐਪਰਨ ਬਣਾਉਣ ਦਾ ਬੀੜਾ ਚੁੱਕਿਆ ਹੋਇਆ ਹੈ। ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਬਰਨਾਲਾ ਭਾਈ ਮੂਲ ਚੰਦ ਜੀ, ਪਿੰਡ ਜੋਧਪੁਰ ਅਤੇ ਗੁਰੂ ਰਵੀਦਾਸ ਜੀ ਗਰੁੱਪ ਪਿੰਡ ਭੋਤਨਾ ਵਰਗੇ ਦਰਜਨਾਂ ਗਰੁੱਪ ਇਸ ਸੇਵਾ ਵਿੱਚ ਜੁਟੇ ਹੋਏ ਹਨ, ਜਿਨ੍ਹਾਂ ਨੇ 30 ਹਜ਼ਾਰ ਦੇ ਕਰੀਬ ਮਾਸਕ ਬ Î ਣਾਏ ਹਨ ਅਤੇ ਹਜ਼ਾਰ ਦੇ ਕਰੀਬ ਐਪਰਨ ਬਣਾਏ ਹਨ। ਉਨ੍ਹਾਂ ਦੱਸਿਆ ਕਿ ਇਨ੍ਹਾਂ ਮਾਸਕਾਂ ਦੀ ਸਿਵਲ ਹਸਪਤਾਲ ਬਰਨਾਲਾ ਤੋਂ ਸਟੱਰਲਾਈਜੇਸ਼ਨ ਕਰਵਾਈ ਜਾਂਦੀ ਹੈ ਤਾਂ ਜੋ ਮਾਸਕਾਂ ਨੂੰ ਸੋਧਿਆ ਜਾ ਸਕੇ ਅਤੇ ਰੋਗਾਣ ਖਤਮ ਹੋ ਸਕਣ।
ਇਸ ਤੋਂ ਇਲਾਵਾ ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ ਸ੍ਰੀ ਸੰਜੀਵ ਸ਼ਰਮਾ ਦੀ ਅਗਵਾਈ ਵਿਚ ਲੋੜਵੰਦਾਂ ਨੂੰ ਰੈੱਡ ਕਰਾਸ ਰਾਹੀਂ ਘਰ ਘਰ ਰਾਸ਼ਨ ਪਹੁੰਚਾਉਣਾ ਜਾਰੀ ਹੈ ਤੇ ਵੱਡੀ ਗਿਣਤੀ ਵਲੰਟੀਅਰ ਰਾਸ਼ਨ ਵੰਡ ਪ੍ਰਕਿਰਿਆ ’ਚ ਡਟੇ ਹੋਏ ਹਨ। 18 ਅਪਰੈਲ ਤੱਕ ਵੱਖ ਵੱਖ ਸੰਸਥਾਵਾਂ ਦੇ ਸਹਿਯੋਗ ਨਾਲ 40 ਹਜ਼ਾਰ ਤੋਂ ਵੱਧ ਰਾਸ਼ਨ ਕਿੱਟਾਂ ਦੀ ਜ਼ਿਲ੍ਹੇ ਵਿਚ ਵੰਡ ਕੀਤੀ ਜਾ ਚੁੱਕੀ ਹੈ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਦੇ ਪਿੰਡਾਂ ਦੀਆਂ ਡਿਸਪੈਂਸਰੀਆਂ ਵਿੱਚ ਦਵਾਈਆਂ ਯਕੀਨੀ ਬਣਾਈਆਂ ਜਾ ਰਹੀਆਂ ਹਨ ਤੇ ਪੇਂਡੂ ਵਿਕਾਸ ਅਤੇ ਪੰਚਾਇਤ ਵਿਭਾਗ ਵੱਲੋਂ ਦਵਾਈਆਂ ਦੀ ਖਰੀਦ ਕਰਕੇ 33 ਡਿਸਪੈਂਸਰੀਆਂ ਵਿੱਚ ਦਵਾਈਆਂ ਭੇਜੀਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਦਿਹਾਤੀ ਖੇਤਰਾਂ ਵਿਚ ਜ਼ਰੂਰੀ ਵਸਤਾਂ ਦੀ ਸਪਲਾਈ ਅਤੇ ਜ਼ਰੂਰੀ ਸਹੂਲਤਾਂ ਯਕੀਨੀ ਬਣਾਈਆਂ ਜਾ ਰਹੀਆਂ ਹਨ।

ਕੈਪਸ਼ਨ: ਅਜੀਵਿਕਾ ਮਿਸ਼ਨ ਦੇ ਕਰਮਚਾਰੀ ਪਿੰਡਾਂ ਵਿਚ ਲੋਕਾਂ ਨੂੰ ਮਾਸਕ ਵੰਡਦੇ ਹੋਏ ਅਤੇ ਸਮਾਜਿਕ ਦੂਰੀ ਬਾਰੇ ਜਾਗਰੂਕ ਕਰਦੇ ਹੋਏ।

ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਬਰਨਾਲਾ
ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਰੈੱਡ ਕ੍ਰਾਸ ਸੁਸਾਇਟੀ ਰਾਹੀਂ ਲੋੜਵੰਦਾਂ ਨੂੰ ਰਾਸ਼ਨ ਵੰਡ ਜਾਰੀ: ਡਿਪਟੀ ਕਮਿਸ਼ਨਰ
* ਕਰੋਨਾ ਵਾਇਰਸ ਤੋਂ ਬਚਾਅ ਦੇ ਮੱਦੇਨਜ਼ਰ ਘਰ ਘਰ ਵੰਡਿਆ ਜਾ ਰਿਹੈ ਰਾਸ਼ਨ
* ਸੇਖਾ ਰੋਡ ’ਤੇ ਲੋੜਵੰਦਾਂ ਨੂੰ ਵੰਡਿਆ ਗਿਆ ਰਾਸ਼ਨ

ਬਰਨਾਲਾ, 21 ਅਪਰੈਲ
ਡਿਪਟੀ ਕਮਿਸ਼ਨਰ ਬਰਨਾਲਾ ਸ੍ਰੀ ਤੇਜ ਪ੍ਰਤਾਪ ਸਿੰਘ ਫੂਲਕਾ ਦੇ ਦਿਸ਼ਾ ਨਿਰਦੇਸ਼ਾਂ ਹੇਠ ਜ਼ਿਲ੍ਹੇ ਦੇ ਲੋੜਵੰਦ ਪਰਿਵਾਰਾਂ ਨੂੰ ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਰਾਹੀਂ ਘਰ ਘਰ ਰਾਸ਼ਨ ਪਹੁੰਚਾਉਣ ਦੇ ਉਪਰਾਲੇ ਜਾਰੀ ਹਨ।
ਅੱਜ ਸੇਖਾ ਰੋਡ ਦੇ ਗਲੀ ਨੰਬਰ 4 ਤੋਂ 12 ਤੱਕ ਦੇ ਕਰੀਬ 450 ਲੋੜਵੰਦ ਪਰਿਵਾਰਾਂ ਨੂੰ ਘਰ ਘਰ ਰਾਸ਼ਨ ਵੰਡਣ ਦੀ ਪ੍ਰਕਿਰਿਆ ਜਾਰੀ ਹੈ।
ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਕੰਟਰੋਲ ਰੂਮ ’ਤੇ ਰਾਸ਼ਨ ਸਬੰਧੀ ਮਿਲਦੀ ਮੰਗ ਬਾਰੇ ਢੁਕਵੀਂ ਪੜਤਾਲ ਤੋਂ ਬਾਅਦ ਰੈੱਡ ਕ੍ਰਾਸ ਸੁਸਾਇਟੀ ਦੇ ਵਲੰਟੀਅਰਾਂ ਰਾਹੀਂ ਲੋੜਵੰਦਾਂ ਨੂੰ ਘਰ ਘਰ ਰਾਸ਼ਨ ਪਹੁੰਚਾਇਆ ਜਾ ਰਿਹਾ ਹੈ। ਵਲੰਟੀਅਰਾਂ ਨੂੰ ਨਿਰਦੇਸ਼ ਦਿੱਤੇ ਗਏ ਹਨ ਕਿ ਰਾਸ਼ਨ ਵੰਡ ਦੌਰਾਨ ਧਿਆਨ ਰੱਖਿਆ ਕਿ ਜਾਵੇ ਕਿ ਪਰਿਵਾਰ ਦੇ ਇਕ ਇਕ ਮੈਂਬਰ ਨੂੰ ਬੁਲਾ ਕੇ ਰਾਸ਼ਨ ਦੀ ਵੰਡ ਕੀਤੀ ਜਾਵੇ ਤਾਂ ਜੋ ਕਿਸੇ ਤਰ੍ਹਾਂ ਦਾ ਇਕੱਠ ਨਾ ਹੋਵੇ ਅਤੇ ਸਮਾਜਿਕ ਦੂਰੀ ਬਣੀ ਰਹੇ। ਉਨ੍ਹਾਂ ਆਖਿਆ ਕਿ ਕਰੋਨਾ ਵਾਇਰਸ ਖਿਲਾਫ ਜੰਗ ਵਿਚ ਲੋੜੀਂਦੇ ਇਹਤਿਆਤਾਂ ਦੀ ਪਾਲਣਾ ਕਰ ਕੇ ਹਰ ਨਾਗਰਿਕ ਜ਼ਿਲ੍ਹਾ ਪ੍ਰਸ਼ਾਸਨ ਨੂੰ ਸਹਿਯੋਗ ਦੇਵੇ।

ਕੈਪਸ਼ਨ: ਨਾਇਬ ਤਹਿਸੀਲਦਾਰ ਗੁਰਪ੍ਰੀਤ ਕੌਰ ਚੀਮਾ ਦੀ ਅਗਵਾਈ ਵਿਚ ਸੇਖਾ ਰੋਡ ’ਤੇ ਲੋੜਵੰਦ ਪਰਿਵਾਰਾਂ ਨੂੰ ਘਰ ਘਰ ਰਾਸ਼ਨ ਵੰਡਦੇ ਹੋਏ ਵਲੰਟੀਅਰ।